# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

# ਮੇਅਰ ਸ਼ਿਵ ਸੂਦ ਨੇ ਵਾਰਡ ਨੰ: 23 ਦਾ ਦੌਰਾ ਕਰਕੇ ਮੁਸ਼ਕਿਲਾਂ ਸਬੰਧੀ ਜਾਣਕਾਰੀ ਲਈ

ਹੁਸ਼ਿਆਰਪੁਰ 02 ਸਤੰਬਰ ਨਗਰ ਨਿਗਮ ਦੇ ਵੱਖ-ਵੱਖ ਵਾਰਡਾਂ ਵਿਚ ਚੱਲ ਹਰੇ ਵਿਕਾਸ ਕਾਰਜਾਂ ਦੀ ਉਚ ਕੁਆਲਟੀ ਕਾਇਮ ਰੱਖਣ ਲਈ ਅਚਨਚੇਤ ਚੈਕਿੰਗ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੇ ਵਾਰਡ ਨੰ: 23 ਦੀਆਂ ਮੁਸ਼ਕਲਾਂ ਸਬੰਧੀ ਜਾਣਕਾਰੀ ਲੈਣ ਲਈ ਦੌਰਾ ਕਰਨ ਮੌਕੇ ਦਿੱਤੀ। ਇਸ ਮੌਕੇ ਤੇ ਉਹਨਾਂ ਨੇ ਵਾਰਡ ਨੰ: 23 ਦੇ ਕੌਂਸਲਰ ਅਵਤਾਰ ਸਿੰਘ ਜ਼ੋਹਲ, ਨਾਲ ਵਾਰਡ ਦੀਆਂ ਸਮਸਿੱਆਵਾਂ ਸਬੰਧੀ ਵਿਸਥਾਰਪੂਰਵਕ ਵਿਚਾਰ ਵਟਾਂਦਰਾ ਕੀਤਾ। ਕੌਂਸਲਰ ਨੇ ਇਸ ਮੌਕੇ ਤੇ ਜਾਣਕਾਰੀ ਦਿੰਦਿਆ ਦਸਿੱਆ ਕਿ ਉਹਨਾਂ ਦੇ ਵਾਰਡ ਦੀਆਂ ਕੁੱਝ ਗਲੀਆਂ ਵਿਚ ਬਰਸਾਤੀ ਪਾਣੀ ਦੇ ਨਿਕਾਸੀ ਦੀ ਸਮੱਸਿਆ ਆ ਰਹੀ ਹੈ। ਇਸ ਤੋਂ ਇਲਾਵਾ ਇੱਕ ਗਲੀ ਅਜੇ ਤੱਕ ਪੱਕੀ ਨਹੀ ਬਣਾਈ ਗਈ ਹੈ। ਉਸਨੂੰ ਪੱਕਾ ਕਰਵਾਇਆ ਜਾਵੇ ਮੇਅਰ ਸ਼ਿਵ ਸੂਦ ਨੇ ਉਹਨਾਂ ਦੀਆਂ ਮੁਸ਼ਕਲਾਂ ਦਾ ਹੱਲ ਪਹਿਲ ਦੇ ਆਧਾਰ ਤੇ ਕਰਵਾਉਣ ਦਾ ਭਰੋਸਾ ਦਵਾਇਆ। ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ, ਚੇਅਰਮੈਨ ਹੁਸ਼ਿਆਰਪੁਰ ਸੈਂਟਰਲ ਕੋਪਰੇਟਿਵ ਬੈਂਕ ਸਤਵਿੰਦਰ ਪਾਲ ਸਿੰਘ ਢੱਟ, ਕਾਰਜਕਾਰੀ ਇੰਜੀਨੀਅਰ ਸਤੀਸ਼ ਸੈਣੀ, ਜੇ.ਈ ਲਵਦੀਪ ਅਤੇ ਵਿਨੋਦ ਪਰਮਾਰ ਵੀ ਇਸ ਮੌਕੇ ਤੇ ਉਹਨਾਂ ਦੇ ਨਾਲ ਸਨ।